**ਦਫਤਰ ਡਾਇਰੈਕਟੋਰੇਟ ਸਕੂਲ ਐਜੂਕੇਸ਼ਨ (ਐਲੀਮੈਂਟਰੀ), ਪੰਜਾਬ, ਐਸ ਏ ਐਸ ਨਗਰ**
**ਕੰਪ:ਪੰ.ਸ.ਸ.ਬ, ਈ-ਬਲਾਕ, 6ਵੀਂ ਮੰਜਿਲ, ਫੇਜ਼:8, ਸਅਸ ਨਗਰ**

ਵੱਲ

1. ਸਮੂਹ ਜਿਲ੍ਹਾ ਸਿੱਖਿਆ ਅਫਸਰ (ਐਸਿੱ), ਪੰਜਾਬ।
2. ਸਮੂਹ ਉੱਪ ਜਿਲ੍ਹਾ ਸਿੱਖਿਆ ਅਫਸਰ (ਐਸਿੱ),
3. ਬਲਾਕ ਪ੍ਰਾਇਮਰੀ ਸਿੱਖਿਆ ਅਫਸਰ/ਡੀ.ਡੀ.ਓਜ (ਐਸਿੱ), ਪੰਜਾਬ ।

ਮੀਮੋ ਨੰ: ਟਰਾਂਸਫਰਸੈੱਲ/2023/333159/1
ਮਿਤੀ:ਐਸ.ਏ.ਐਸ ਨਗਰ: 24-03-2023

**ਵਿਸ਼ਾ:-** **ਈ- ਪੰਜਾਬ ਡਾਟਾ ਅਪਡੇਟ ਕਰਨ ਸਬੰਧੀ।**

1.0 ਪੰਜਾਬ ਸਰਕਾਰ ਸਿੱਖਿਆ ਵਿਭਾਗ ਦੇ ਪੱਤਰ ਨੰ: 11/35/2018-1Edu6/1508658, ਮਿਤੀ 25.06.2019 ਰਾਹੀਂ ਅਧਿਆਪਕਾਂ ਦੀ Teachers Transfer Policy-2019 ਜਾਰੀ ਕੀਤੀ ਗਈ ਅਤੇ ਉਸ ਉਪਰੰਤ ਸਮੇਂ-2 ਤੇ ਸੋਧਾਂ ਜਾਰੀ ਕੀਤੀਆਂ ਗਈਆਂ ਸਨ।

2.0 ਇਸ ਤੋਂ ਇਲਾਵਾ ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਐਸਿੱ), ਪੰਜਾਬ ਦੇ ਮੀਮੋ ਨੰ: SSA/HR/Transfer/2020/118750, ਮਿਤੀ 22-05-2020 ਰਾਹੀਂ ਸਮੂਹ ਸਿੱਖਿਆ ਪ੍ਰੋਵਾਈਡਰ, ਈ.ਜੀ.ਐਸ./ਏ.ਆਈ.ਈ/ਐਸ.ਟੀ.ਆਰ. ਵਲੰਟੀਅਰਜ ਲਈ ਬਦਲੀ ਦੀ ਪਾਲਿਸੀ ਜਾਰੀ ਕੀਤੀ ਗਈ ਸੀ। ਜੋ ਸੋਧਾਂ ਅਧਿਆਪਕਾਂ ਦੇ ਤਬਦਾਲਿਆਂ ਲਈ ਜਾਰੀ ਕੀਤੀਆਂ ਗਈਆਂ ਸਨ, ਉਹ ਸਮੂਹ ਸਿੱਖਿਆ ਪ੍ਰੋਵਾਈਡਰ, ਈ.ਜੀ.ਐਸ./ਏ.ਆਈ.ਈ/ਐਸ.ਟੀ.ਆਰ. ਵਲੰਟੀਅਰਜ ਲਈ ਵੀ ਲਾਗੂ ਹੋਣਗੀਆਂ।

3.0 ਸਾਲ 2023-24 ਦੌਰਾਨ ਵਿਭਾਗ ਵੱਲੋਂ ਟੀਚਰ ਟਰਾਂਸਫਰ ਪਾਲਿਸੀ ਤਹਿਤ ਆਨਲਾਈਨ ਵਿਧੀ ਰਾਹੀਂ ਬਦਲੀਆਂ ਦਾ ਕੰਮ ਸ਼ੁਰੂ ਕੀਤਾ ਜਾ ਰਿਹਾ ਹੈ। ਵਿਭਾਗ ਵੱਲੋਂ ਖਾਲੀ ਅਸਾਮੀਆਂ ਦੀ ਸੂਚੀ ਅਪਡੇਟ ਕੀਤੇ ਗਏ ਈ-ਪੰਜਾਬ ਡਾਟੇ ਤੋਂ ਤਿਆਰ ਕੀਤੀ ਜਾਂਦੀ ਹੈ। ਇਸ ਲਈ ਆਪ ਨੂੰ ਲਿਖਿਆ ਜਾਂਦਾ ਹੈ ਕਿ ਐਲੀਮੈਂਟਰੀ ਵਿੰਗ ਅਧੀਨ ਆਉਂਦੇ ਸਮੂਹ ਅਧਿਆਪਕਾਂ (ਈਟੀਟੀ, ਐਚਟੀ ਅਤੇ ਸੀਐਚਟੀ) ਅਤੇ ਸਿੱਖਿਆ ਪ੍ਰੋਵਾਈਡਰ, ਈ.ਜੀ.ਐਸ./ਏ.ਆਈ.ਈ/ਐਸ.ਟੀ.ਆਰ. ਵਲੰਟੀਅਰਜ ਦਾ ਡਾਟਾ ਸਹੀ ਵੇਰਵਿਆਂ ਸਹਿਤ ਈ-ਪੰਜਾਬ ਪੋਰਟਲ ਤੇ ਮਿਤੀ 26-03-2023 ਤੱਕ ਅਪਡੇਟ ਕਰਨਾ ਯਕੀਨੀ ਬਣਾਇਆ ਜਾਵੇ ਤਾਂ ਜੋ ਵਿਭਾਗ ਨੂੰ ਬਦਲੀਆਂ ਸਮੇਂ ਖਾਲੀ ਅਤੇ ਭਰੀਆਂ ਅਸਾਮੀਆਂ ਸਬੰਧੀ ਕਿਸੇ ਕਿਸਮ ਦੀ ਔਕੜ ਪੇਸ਼ ਨਾ ਆਵੇ। ਜੇਕਰ ਡਾਟਾ ਅਪਡੇਟ ਨਾ ਹੋਣ ਕਾਰਨ/ਗਲਤ ਡਾਟਾ ਅਪਡੇਟ ਕਰਨ ਕਰਕੇ ਵਿਭਾਗ ਨੂੰ ਕਿਸੇ ਅਣਸੁਖਾਵੀਂ ਸਥਿਤੀ ਦਾ ਸਾਹਮਣਾ ਕਰਨਾ ਪੈਂਦਾ ਹੈ ਤਾਂ ਉਸ ਦੀ ਨਿਰੋਲ ਜਿੰਮੇਵਾਰੀ ਆਪ ਦੀ ਹੋਵੇਗੀ।

Sharma 24-3-23

**ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ), ਪੰਜਾਬ**